# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 08:30

**ਮਿਤੀ : 09-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਿਖਰ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ।

- ਸਰਕਾਰ ਨੇ ਕੈਂਸਰ ਦੇ ਇਲਾਜ ਲਈ ਦਵਾਈਆਂ ਦੀ ਸਪਲਾਈ ਅਤੇ ਵਿਕਰੀ 'ਤੇ ਮੁਨਾਫੇ ਦੀ ਸੀਮਾ 30 ਫੀਸਦੀ ਤੱਕ ਸੀਮਤ ਕਰ ਦਿੱਤੀ ਏ । ਇਸ ਨਾਲ ਦਵਾਈਆਂ ਦੀਆਂ ਕੀਮਤਾਂ ਵਿੱਚ 70 ਫੀਸਦੀ ਤੱਕ ਦੀ ਕਮੀ ਆਉਣ ਦੀ ਸੰਭਾਵਨਾ ਏ |

- ਤਾਮਿਲਨਾਡੂ, ਪੁਦੁਚੇਰੀ ਅਤੇ ਪੱਛਮੀ ਬੰਗਾਲ ਦੀਆਂ ਪੰਜ ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਜ਼ਿਮਨੀ ਚੋਣਾਂ ਦੀਆਂ ਵੋਟਾਂ ਦੀ ਗਿਣਤੀ ਸ਼ੁਰੂ ਹੋ ਗਈ ਏ |

- ਉੱਘੇ ਅਦਾਕਾਰ NANA PATEKAR ਦਾ ਅੰਤਮ ਸੰਸਕਾਰ ਮਹਾਰਾਸ਼ਟਰ ਦੇ ਪੁਣੇ 'ਚ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।

- ਕ੍ਰਿਕਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ 20-20 ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਸ਼ਾਮੀ ਰਾਂਚੀ ਵਿੱਚ ਖੇਡਿਆ ਜਾਵੇਗਾ।

### ***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਕਰਵਾਏ ਜਾ ਰਹੇ ਦੋ-ਰੋਜ਼ਾ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ। ਕੱਲ੍ਹ ਸ਼ੁਰੂ ਹੋਏ ਇਸ ਸੰਮੇਲਨ ਵਿੱਚ ਸਾਰੇ ਰਾਜਾਂ ਦੇ ਸਿਆਸੀ ਆਗੂ ਅਤੇ ਮਹਿਲਾ ਤੇ ਬਾਲ ਵਿਕਾਸ ਖੇਤਰ ਨਾਲ ਜੁੜੇ ਅਧਿਕਾਰੀ ਹਿੱਸਾ ਲੈ ਰਹੇ ਨੇ ।

---------------------------------------------------------------

ਇਹ ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਅਨੁਸਾਰ ਆਯੋਜਿਤ ਕੀਤੇ ਜਾ ਰਹੇ ਖੇਤਰੀ ਸੰਮੇਲਨਾਂ ਦੀ ਲੜੀ ਵਿੱਚ ਦੂਜਾ ਸੰਮੇਲਨ ਹੈ। ਇਸ ਦਾ ਉਦੇਸ਼ ਸਹਿਯੋਗੀ ਸੰਘਵਾਦ ਨੂੰ ਮਜ਼ਬੂਤ ਕਰਨਾ, ਰਾਸ਼ਟਰੀ ਤਰਜੀਹਾਂ ਪ੍ਰਤੀ ਸਮੂਹਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਧਾਉਣਾ ਅਤੇ ਕੇਂਦਰ ਤੇ ਰਾਜਾਂ

ਵਿਚਕਾਰ ਬਿਹਤਰ ਤਾਲਮੇਲ ਰਾਹੀਂ ਟੀਚਿਆਂ ਦੀ ਪ੍ਰਾਪਤੀ ਵਿੱਚ ਤੇਜ਼ੀ ਲਿਆਉਣਾ ਹੈ। ਇਹ ਸੰਮੇਲਨ ਚਾਰ ਮੁੱਖ ਵਿਸ਼ਿਆਂ ਪੋਸ਼ਣ, ਮੁੱਢਲੀ ਸਿੱਖਿਆ, ਬਾਲ ਸੁਰੱਖਿਆ, ਅਤੇ ਔਰਤਾਂ ਦੀ ਸੁਰੱਖਿਆ ਤੇ ਸਸ਼ਕਤੀਕਰਨ 'ਤੇ ਕੇਂਦਰਤ ਏ । ਇਸ ਪਹਿਲਕਦਮੀ ਤਹਿਤ, ਕੇਂਦਰ ਅਤੇ ਰਾਜ ਸਰਕਾਰਾਂ ਦੇ ਵੱਖ-ਵੱਖ ਹਿੱਸੇਦਾਰ ਖੇਤਰੀ ਤਰਜੀਹਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇੱਕੋ ਮੰਚ 'ਤੇ ਇਕੱਠੇ ਹੋ ਰਹੇ ਨੇ । ਇਸ ਵਿੱਚ ਬੇਹਤਰੀਨ ਅਭਿਆਸਾਂ ਨੂੰ ਸਾਂਝਾ ਕਰਨ, ਸਕੀਮਾਂ ਨੂੰ ਲਾਗੂ ਕਰਨ ਵਿੱਚ ਆਉਣ ਵਾਲੀਆਂ ਚੁਣੌਤੀਆਂ ਦੇ ਹੱਲ ਅਤੇ ਚੰਗੇ ਸ਼ਾਸਨ ਤੇ ਸੇਵਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਬਿਹਤਰ ਬਣਾਉਣ ਲਈ ਸਮਾਂ-ਬੱਧ ਕਾਰਵਾਈਆਂ 'ਤੇ ਸਹਿਮਤੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

----------------------------------------------------------

ਸਰਕਾਰ ਨੇ ਕੈਂਸਰ ਦੇ ਇਲਾਜ ਲਈ ਦਵਾਈਆਂ ਦੀ ਸਪਲਾਈ ਅਤੇ ਵਿਕਰੀ 'ਤੇ ਮੁਨਾਫੇ ਦੀ ਹੱਦ ਨੂੰ ਵੱਧ ਤੋਂ ਵੱਧ ਪ੍ਰਚੂਨ ਮੁੱਲ (MRP) ਦੇ 30 ਫੀਸਦੀ ਤੱਕ ਸੀਮਤ ਕਰ ਦਿੱਤੈ । ਰਸਾਇਣ ਅਤੇ ਖਾਦ ਮੰਤਰਾਲੇ ਨੂੰ ਉਮੀਦ ਹੈ ਕਿ ਇਸ ਕਦਮ ਨਾਲ ਦਵਾਈਆਂ ਦੀਆਂ ਕੀਮਤਾਂ ਵਿੱਚ 70 ਫੀਸਦੀ ਤੱਕ ਦੀ ਕਮੀ ਆਵੇਗੀ, ਜਿਸ ਨਾਲ ਕੈਂਸਰ ਦੇ ਮਰੀਜ਼ਾਂ ਦੀ ਸਾਲਾਨਾ 2,500 ਕਰੋੜ ਰੁਪਏ ਦੀ ਬੱਚਤ ਹੋਵੇਗੀ। ਜਿੱਥੇ ਕੈਂਸਰ ਦੇ ਇਲਾਜ ਲਈ ਸੂਚੀਬੱਧ ਜ਼ਰੂਰੀ ਦਵਾਈਆਂ ਪਹਿਲਾਂ ਹੀ ਸਰਕਾਰ ਵੱਲੋਂ ਨਿਰਧਾਰਤ ਕੀਮਤ ਦੀਆਂ ਸਖ਼ਤ ਹੱਦਾਂ ਅਧੀਨ ਨੇ , ਉੱਥੇ ਹੀ ਇਹ ਨਵਾਂ ਫੈਸਲਾ ਮੁਨਾਫੇ ਦੀ ਹੱਦ ਨੂੰ ਸੀਮਤ ਕਰਕੇ ਗੈਰ-ਸੂਚੀਬੱਧ ਕੈਂਸਰ

ਦਵਾਈਆਂ ਲਈ ਵੀ ਕੀਮਤ ਸੁਰੱਖਿਆ ਦਾ ਦਾਇਰਾ ਵਧਾਏਗਾ। ਸਿਹਤ ਸੇਵਾਵਾਂ ਬਾਰੇ ਡਾਇਰੈਕਟੋਰੇਟ ਜਨਰਲ ਦੇ ਅਧੀਨ ਕੰਮ ਕਰ ਰਹੀ ਮਾਹਰ ਕਮੇਟੀ ਵੱਲੋਂ ਦਵਾਈਆਂ ਦੀ ਸੂਚੀ ਨੂੰ ਅੰਤਿਮ ਰੂਪ ਦਿੱਤੇ ਜਾਣ ਤੋਂ ਬਾਅਦ 'ਰਾਸ਼ਟਰੀ ਦਵਾ ਕੀਮਤ ਅਥਾਰਟੀ (NPPA) ਇੱਕ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰੇਗੀ। ਭਾਰਤ ਵਿੱਚ ਕੈਂਸਰ ਦੇ ਮਾਮਲੇ ਵਧ ਰਹੇ ਨੇ ਅਤੇ ਆਬਾਦੀ ਦੇ ਹਰ ਲੱਖ ਲੋਕਾਂ ਵਿੱਚੋਂ ਲਗਭਗ 60 ਲੋਕ ਇਸ ਤੋਂ ਪ੍ਰਭਾਵਿਤ ਹੋ ਰਹੇ ਨੇ । ਕੈਂਸਰ ਦਾ ਇਲਾਜ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ 'ਤੇ ਭਾਰੀ ਵਿੱਤੀ ਬੋਝ ਪਾਉਂਦਾ ਹੈ, ਜਿਨ੍ਹਾਂ ਨੂੰ ਅਕਸਰ ਵੱਡੀ ਰਕਮ ਖਰਚ ਕਰਨੀ ਪੈਂਦੀ ਹੈ।

-----------------------------------------------------------

ਵਸਤੂ ਅਤੇ ਸੇਵਾ ਟੈਕਸ - ਜੀਐਸਟੀ ਕੌਂਸਲ ਨੇ ਟੈਕਸ ਅਧਿਕਾਰੀਆਂ ਦਾ ਗ੍ਰਿਫ਼ਤਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਏ । ਕੌਂਸਲ ਨੇ ਮੁਕੱਦਮਾ ਚਲਾਉਣ ਦੀ ਸੀਮਾ 1 ਕਰੋੜ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਹੈ। ਅੱਜ ਨਵੀਂ ਦਿੱਲੀ ਵਿੱਚ ਜੀਐਸਟੀ ਕੌਂਸਲ ਦੀ ਮੀਟਿੰਗ ਤੋਂ ਬਾਅਦ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਕੌਂਸਲ ਨੇ ਗ੍ਰਿਫ਼ਤਾਰੀ ਦੀ ਸ਼ਕਤੀ ਨੂੰ ਖਤਮ ਕਰਨ ਅਤੇ ਜੀਐਸਟੀ ਅਧੀਨ ਮੁਕੱਦਮਾ ਚਲਾਉਣ ਦੀ ਸੀਮਾ ਵਧਾਉਣ ਦੀ ਸਿਫਾਰਸ਼ ਕੀਤੀ ਹੈ।

BYTE

ਜੁਰਮਾਨੇ ਅਤੇ ਕੈਦ ਬਾਰੇ ਫੈਸਲਾ ਸਮਰੱਥ ਅਦਾਲਤ ਦੇ ਵਿਵੇਕ 'ਤੇ ਛੱਡ ਦਿੱਤਾ ਗਿਆ ਹੈ। ਟੈਕਸਦਾਤਾਵਾਂ ਨੂੰ ਟੈਕਸ ਭਰਨ ਜਾਂ ਭੁਗਤਾਨ ਵਿੱਚ

ਦੇਰੀ ਲਈ ਵਸੂਲੀ, ਵਿਆਜ ਅਤੇ ਅਨੁਪਾਤਕ ਜੁਰਮਾਨੇ ਦਾ ਸਾਹਮਣਾ ਕਰਨਾ ਪਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ । ਉਨ੍ਹਾਂ ਅੱਗੇ ਕਿਹਾ ਕਿ ਕੌਂਸਲ ਨੇ ਨੋਟਿਸਾਂ ਅਤੇ ਕਾਰਵਾਈਆਂ ਲਈ ਸਾਂਝੇ ਮਾਪਦੰਡਾਂ ਦੀ ਸਿਫਾਰਸ਼ ਕੀਤੀ ਹੈ। ਹੁਣ 10,000 ਰੁਪਏ ਦੀ ਮੁਦਰਾ ਸੀਮਾ ਤੋਂ ਘੱਟ ਲਈ ਨੋਟਿਸ ਹੁਣ ਜਾਰੀ ਨਹੀਂ ਕੀਤੇ ਜਾਣਗੇ । ਸ਼੍ਰੀਮਤੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਕੌਂਸਲ ਨੇ ਸਿਫਾਰਸ਼ ਕੀਤੀ ਹੈ ਕਿ ਸਾਮਾਨ ਦੀ ਜਾਂਚ ਅਤੇ ਜ਼ਬਤੀ ਸਿਰਫ ਸਪਲਾਈ ਕਰਨ ਵਾਲੇ ਜਾਂ ਮਾਲ ਦੀ ਅੰਤਮ ਮੰਜ਼ਿਲ ਵਾਲੇ ਰਾਜ ਦੇ ਅਧਿਕਾਰੀਆਂ ਵੱਲੋਂ ਕੀਤੀ ਜਾਵੇ। ਸਾਮਾਨ ਸਿਰਫ਼ ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਅਤੇ ਸੰਯੁਕਤ ਕਮਿਸ਼ਨਰ ਪੱਧਰ ਦੇ ਅਧਿਕਾਰੀ ਦੀ ਇਜਾਜ਼ਤ ਨਾਲ ਹੀ ਜ਼ਬਤ ਕੀਤਾ ਜਾ ਸਕਦਾ ਹੈ। ਟੈਕਸਦਾਤਾਵਾਂ ਦੁਆਰਾ ਰਜਿਸਟ੍ਰੇਸ਼ਨ ਰੱਦ ਕਰਨ ਦੀ ਪ੍ਰਕਿਰਿਆ ਨੂੰ ਵੀ ਸਰਲ ਬਣਾਇਆ ਗਿਆ ਹੈ। ਰਿਫੰਡ ਦਾਅਵਿਆਂ ਲਈ ਪ੍ਰਵਾਨਗੀ ਦੀ ਮਿਆਦ 15 ਦਿਨਾਂ ਤੋਂ ਘਟਾ ਕੇ ਦਸ ਦਿਨ ਕਰ ਦਿੱਤੀ ਗਈ ਹੈ।

----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ GST ਕੌਂਸਲ ਵੱਲੋਂ ਮਨਜ਼ੂਰ ਕੀਤੇ ਗਏ ਜੀਐਸਟੀ ਸੁਧਾਰਾਂ ਦੇ ਨਵੇਂ ਗੇੜ ਦਾ ਸਵਾਗਤ ਕੀਤਾ ਹੈ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਗ੍ਰਿਫਤਾਰੀ ਦੀ ਵਿਵਸਥਾ ਨੂੰ ਹਟਾਉਣ, ਅਪਰਾਧਾਂ ਨੂੰ ਗੈਰ-ਅਪਰਾਧਿਕ ਸ਼੍ਰੇਣੀ ਵਿੱਚ ਪਾਉਣ ਅਤੇ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਬਾਰੇ ਕੌਂਸਲ ਦੀਆਂ

ਸਿਫ਼ਾਰਸ਼ਾਂ ਦਾ ਸਕਾਰਾਤਮਕ ਪ੍ਰਭਾਵ ਪਵੇਗਾ। ਸ੍ਰੀ ਮੋਦੀ ਨੇ ਦੱਸਿਆ ਕਿ ਇਸ ਦੇ ਮੁੱਖ ਉਦੇਸ਼ ਤੇਜ਼ੀ ਨਾਲ ਫੈਸਲੇ ਲੈਣਾ, ਪਾਲਣਾ  ਨਾਲ ਜੁੜੇ ਖਰਚਿਆਂ ਨੂੰ ਘਟਾਉਣਾ,  ਆਟੋਮੇਟਿਡ ਰਿਫੰਡ ਅਤੇ ਭਰੋਸੇ 'ਤੇ ਅਧਾਰਤ ਪ੍ਰਸ਼ਾਸਨ ਨੇ । ਉਨ੍ਹਾਂ ਅੱਗੇ ਕਿਹਾ ਕਿ ਇਹ ਸੁਧਾਰ ਜੀਐਸਟੀ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਨਾਗਰਿਕ-ਪੱਖੀ ਬਣਾਉਣ ਲਈ ਸਰਕਾਰ ਦੇ ਲਗਾਤਾਰ ਯਤਨਾਂ ਅਨੁਸਾਰ ਨੇ ।

-----------------------------------------------------------

ਤਾਮਿਲਨਾਡੂ, ਪੁਦੂਚੇਰੀ ਅਤੇ ਪੱਛਮੀ ਬੰਗਾਲ ਦੀਆਂ ਪੰਜ ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਹੋਈਆਂ ਜ਼ਿਮਨੀ ਚੋਣਾਂ ਦੀਆਂ ਵੋਟਾਂ ਦੀ ਗਿਣਤੀ ਅੱਜ ਹੋ ਰਹੀ  ਹੈ। ਇਨ੍ਹਾਂ ਵਿੱਚ ਪੱਛਮੀ ਬੰਗਾਲ ਦੀਆਂ ਨੰਦੀਗ੍ਰਾਮ ਅਤੇ ਰੇਜੀਨਗਰ ਵਿਧਾਨ ਸਭਾ ਸੀਟਾਂ, ਤਾਮਿਲਨਾਡੂ ਦੀਆਂ ਮਦੁਰਾਨਥਕਮ  ਅਤੇ ਧਾਰਾਪੁਰਮ ਅਤੇ ਪੁਡੂਚੇਰੀ ਦੀ ਥੱਟਨਚਾਵਡੀ ਸੀਟ ਦੇ ਨਾਲ-ਨਾਲ ਅਸਾਮ ਦੀ ਨਾਗਾਂਵ ਲੋਕ ਸਭਾ ਸੀਟ ਸ਼ਾਮਲ ਏ । ਇਨ੍ਹਾਂ ਸੀਟਾਂ ਲਈ ਵੋਟਾਂ ਮੰਗਲਵਾਰ ਨੂੰ ਪਈਆਂ ਸਨ।

-----------------------------------------------------------

ਉੱਘੇ  ਅਦਾਕਾਰ NANA PATEKAR ਦਾ ਅੰਤਿਮ ਸੰਸਕਾਰ ਕੱਲ੍ਹ ਰਾਤ ਮਹਾਰਾਸ਼ਟਰ ਦੇ ਪੁਣੇ ਸਥਿਤ ਉਨ੍ਹਾਂ ਦੇ ਫਾਰਮਹਾਊਸ 'ਨਾਨਾਚੀ ਵਾਡੀ' ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਉਨ੍ਹਾਂ ਦੇ ਪੁੱਤਰ, ਮਲਹਾਰ ਪਾਟੇਕਰ ਨੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਪ੍ਰਸ਼ੰਸਕਾਂ ਦੀ ਮੌਜੂਦਗੀ ਵਿੱਚ ਰਾਤ ਕਰੀਬ 11:30 ਵਜੇ ਅੰਤਿਮ ਰਸਮਾਂ

ਨਿਭਾਈਆਂ। ਅੰਤਮ ਸੰਸਕਾਰ ਤੋਂ ਪਹਿਲਾਂ, ਮਰਹੂਮ ਅਦਾਕਾਰ ਨੂੰ ਰਸਮੀ 'ਗਾਰਡ ਆਫ਼ ਆਨਰ' ਦਿੱਤਾ ਗਿਆ। ਪੁਣੇ ਹਵਾਈ ਅੱਡੇ 'ਤੇ ਨਾਨਾ ਪਾਟੇਕਰ ਦੀ ਮ੍ਰਿਤਕ ਦੇਹ ਪਹੁੰਚਣ 'ਤੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਸੁਨੇਤਰਾ ਪਵਾਰ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਅੰਤਿਮ ਸੰਸਕਾਰ ਦੌਰਾਨ ਫਿਲਮ ਜਗਤ ਦੀਆਂ ਕਈ ਸ਼ਖਸੀਅਤਾਂ ਵੀ ਮੌਜੂਦ ਸਨ | ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਨਾ ਪਾਟੇਕਰ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਹਿੰਦੀ ਅਤੇ ਮਰਾਠੀ ਸਿਨੇਮਾ ਵਿੱਚ ਨਾਨਾ ਪਾਟੇਕਰ ਦੇ ਵਿਸ਼ੇਸ਼ ਯੋਗਦਾਨ ਨੂੰ ਪੀੜ੍ਹੀਆਂ ਤੱਕ ਯਾਦ ਰੱਖਿਆ ਜਾਵੇਗਾ।

------------------------------------------------------------

ਰਾਸ਼ਟਰੀ ਪ੍ਰੀਖਿਆ ਏਜੰਸੀ (NTA) ਨੇ UGC-NET ਦਸੰਬਰ 2026 ਦੇ ਸੈਸ਼ਨ ਲਈ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਹੈ। ਯੋਗ ਉਮੀਦਵਾਰ ਜੂਨੀਅਰ ਰਿਸਰਚ ਫੈਲੋਸ਼ਿਪ (JRF), ਅਸਿਸਟੈਂਟ ਪ੍ਰੋਫੈਸਰਸ਼ਿਪ ਜਾਂ PhD ਪ੍ਰੋਗਰਾਮਾਂ ਲਈ ਵੈੱਬਸਾਈਟ ugcnet.nta.nic.in ਰਾਹੀਂ ਆਨਲਾਈਨ ਅਰਜ਼ੀ ਦੇ ਸਕਦੇ ਨੇ। ਅਰਜ਼ੀ ਦੇਣ ਦੀ ਆਖਰੀ ਤਰੀਕ 28 ਅਕਤੂਬਰ ਹੈ | ਇਹ ਪ੍ਰੀਖਿਆ 14 ਦਸੰਬਰ ਤੋਂ 19 ਦਸੰਬਰ ਵਿਚਕਾਰ ਕਰਾਈ ਜਾਏਗੀ |

------------------------------------------------------------

ਹੂਤੀ ਬਾਗੀਆਂ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਕੱਲ੍ਹ ਸਾਊਦੀ ਅਰਬ 'ਤੇ ਨਵੇਂ ਮਿਜ਼ਾਈਲ ਹਮਲੇ ਕੀਤੇ ਨੇ। ਇਨ੍ਹਾਂ ਹਮਲਿਆਂ ਦੇ ਨਿਸ਼ਾਨਿਆਂ

ਵਿੱਚ ਰਿਆਦ ਦਾ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡਾ, ਨਜਰਾਨ ਹਵਾਈ ਅੱਡਾ ਅਤੇ ਖਮੀਸ ਮੁਸ਼ੈਤ ਸਥਿਤ ਇੱਕ ਏਅਰਬੇਸ ਸ਼ਾਮਲ ਸਨ। ਰਿਪੋਰਟਾਂ ਅਨੁਸਾਰ, ਹੂਤੀ ਬਾਗੀਆਂ ਨੇ ਮੁਲਾਜ਼ਮਾਂ ਨੂੰ ਸਾਊਦੀ ਅਰਬ ਦੀਆਂ ਤੇਲ ਸਹੂਲਤਾਂ ਅਤੇ ਹਵਾਈ ਅੱਡਿਆਂ ਤੋਂ ਦੂਰ ਰਹਿਣ ਦੀ ਚੇਤਾਵਨੀ ਵੀ ਦਿੱਤੀ ਹੈ, ਕਿਉਂਕਿ ਉਨ੍ਹਾਂ ਨੇ ਇਨ੍ਹਾਂ ਥਾਵਾਂ ਨੂੰ ਸੰਭਾਵਤ ਨਿਸ਼ਾਨਾ ਦੱਸਿਆ । ਇਸ ਦੇ ਜਵਾਬ ਵਿੱਚ, ਸਾਊਦੀ ਅਰਬ ਦੀ ਅਗਵਾਈ ਵਾਲੇ ਗੱਠਜੋੜ ਨੇ ਕਿਹਾ ਕਿ ਉਸ ਦੀਆਂ ਹਵਾਈ ਰੱਖਿਆ ਪ੍ਰਣਾਲੀਆਂ ਨੇ ਤਿੰਨ ਬੈਲਿਸਟਿਕ ਮਿਜ਼ਾਈਲਾਂ ਨੂੰ ਰੋਕ ਕੇ ਤਬਾਹ ਕਰ ਦਿੱਤਾ ਏ । ਇਨ੍ਹਾਂ ਹਮਲਿਆਂ ਕਾਰਨ ਅੰਤਰਰਾਸ਼ਟਰੀ ਹਵਾਈ ਸੇਵਾਵਾਂ ਵੀ ਪ੍ਰਭਾਵਿਤ ਹੋਈਆਂ ਨੇ । ਏਅਰ ਇੰਡੀਆ, ਇੰਡੀਗੋ ਅਤੇ ਅਕਾਸਾ ਸਮੇਤ ਕਈ AIRLINES ਨੇ ਰਿਆਦ ਲਈ ਆਪਣੀਆਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਰੋਕ ਦਿੱਤਾ ਏ ।

---------------------------------------------------------

ਭਾਰਤ ਨੇ ਰਿਆਦ 'ਚ ਅਭਾ ਅੰਤਰਰਾਸ਼ਟਰੀ ਹਵਾਈ ਅੱਡੇ ਅਤੇ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਿਛਲੇ ਕੁਝ ਦਿਨਾਂ ਦੌਰਾਨ ਹੋਏ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਹੈ। ਇਨ੍ਹਾਂ ਹਮਲਿਆਂ ਵਿੱਚ ਕਈ ਆਮ ਨਾਗਰਿਕ ਮਾਰੇ ਗਏ ਅਤੇ ਕਈ ਹੋਰ ਜ਼ਖ਼ਮੀ ਹੋ ਗਏ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਆਮ ਨਾਗਰਿਕਾਂ ਨਾਲ ਸਬੰਧਤ ਸਹੂਲਤ ਨੂੰ ਨਿਸ਼ਾਨਾ ਬਣਾਉਣਾ ਬਿਲਕੁਲ ਵੀ ਸਵੀਕਾਰਯੋਗ ਨਹੀਂ ਹੈ। ਮੰਤਰਾਲੇ ਨੇ ਕਿਹਾ ਕਿ ਭਾਰਤ ਉਨ੍ਹਾਂ ਪਰਿਵਾਰਾਂ ਨਾਲ ਡੂੰਘੀ

ਹਮਦਰਦੀ ਪ੍ਰਗਟ ਕਰਦਾ ਹੈ ਜਿਨ੍ਹਾਂ ਨੇ ਇਨ੍ਹਾਂ ਹਮਲਿਆਂ ਵਿੱਚ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਭਾਰਤ ਨੇ ਦੁਹਰਾਇਆ ਹੈ ਕਿ ਉਹ ਸਾਊਦੀ ਅਰਬ ਦੇ ਲੋਕਾਂ ਅਤੇ ਸਰਕਾਰ ਦੇ ਨਾਲ ਖੜ੍ਹਾ ਹੈ।

--------------------------------------------------

ਕ੍ਰਿਕਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ 20-20 ਅੰਤਰਰਾਸ਼ਟਰੀ ਲੜੀ ਦਾ ਦੂਜਾ ਮੈਚ ਅੱਜ ਰਾਂਚੀ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀ 7 ਵਜੇ ਸ਼ੁਰੂ ਹੋਵੇਗਾ। ਪਹਿਲਾ ਮੈਚ ਜਿੱਤਣ ਤੋਂ ਬਾਅਦ ਭਾਰਤ 1-0 ਨਾਲ ਅੱਗੇ ਏ ।

--------------------------------------------------

ਫੁੱਟਬਾਲ ਵਿੱਚ, ਮੋਹਨ ਬਾਗਾਨ ਸੁਪਰ GIANT ਨੇ ਅੱਜ ਕੋਲਕਾਤਾ ਵਿੱਚ ਖੇਡੇ ਗਏ ਫਾਈਨਲ ਮੁਕਾਬਲੇ ਵਿੱਚ ਈਸਟ ਬੰਗਾਲ ਨੂੰ 1-0 ਨਾਲ ਹਰਾ ਕੇ ਆਈ.ਐੱਫ.ਏ. (IFA) ਸ਼ੀਲਡ ਦਾ ਖਿਤਾਬ ਜਿੱਤ ਲਿਆ। ਬੋਸਨੀਆਈ ਮਿਡਫੀਲਡਰ ਸਮੀਰ ਜ਼ੇਲਕੋਵਿਚ ਨੇ 45ਵੇਂ ਮਿੰਟ ਵਿੱਚ ਫੈਸਲਾਕੁੰਨ ਗੋਲ ਕੀਤਾ।

--------------------------------------------------

ਪ੍ਰੈਸ ਇਨਫਰਮੇਸ਼ਨ ਬਿਊਰੋ ਦੀ ਫੈਕਟ ਚੈੱਕ ਯੂਨਿਟ ਨੇ ਅੱਜ ਭਾਰਤੀ ਹਵਾਈ ਫੌਜ ਦੇ ਅਧਿਕਾਰੀ ਆਸ਼ੂਤੋਸ਼ ਦੀਕਸ਼ਿਤ ਦੇ ਕਥਿਤ ਵੀਡੀਓ ਨੂੰ ਝੂਠਾ ਐਲਾਨਿਐ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪੀਆਈਬੀ ਦੀ ਫੈਕਟ ਚੈੱਕ ਯੂਨਿਟ ਨੇ ਕਿਹਾ ਕਿ ਇਹ ਵੀਡੀਓ ਪਾਕਿਸਤਾਨ ਵਿੱਚ ਕਈ ਫਰਜ਼ੀ ACCOUNTS ਦੁਆਰਾ ਪ੍ਰਸਾਰਿਤ ਕੀਤਾ ਜਾ ਰਿਹਾ ਏ ।

ਦਫ਼ਤਰ ਨੇ ਕਿਹਾ ਕਿ ਭਾਰਤੀ ਹਵਾਈ ਫੌਜ ਦੇ ਅਧਿਕਾਰੀ ਨੇ ਅਜਿਹਾ ਕੋਈ ਬਿਆਨ ਨਹੀਂ ਦਿੱਤਾ ਅਤੇ ਵੀਡੀਓ ਵਿੱਚ ਕੀਤੇ ਗਏ ਦਾਅਵੇ ਪੂਰੀ ਤਰ੍ਹਾਂ ਝੂਠੇ ਨੇ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਿਖਰ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ।

- ਸਰਕਾਰ ਨੇ ਕੈਂਸਰ ਦੇ ਇਲਾਜ ਲਈ ਦਵਾਈਆਂ ਦੀ ਸਪਲਾਈ ਅਤੇ ਵਿਕਰੀ 'ਤੇ ਮੁਨਾਫੇ ਦੀ ਸੀਮਾ 30 ਫੀਸਦੀ ਤੱਕ ਸੀਮਤ ਕਰ ਦਿੱਤੀ ਏ । ਇਸ ਨਾਲ ਦਵਾਈਆਂ ਦੀਆਂ ਕੀਮਤਾਂ ਵਿੱਚ 70 ਫੀਸਦੀ ਤੱਕ ਦੀ ਕਮੀ ਆਉਣ ਦੀ ਸੰਭਾਵਨਾ ਏ |

- ਤਾਮਿਲਨਾਡੂ, ਪੁਦੁਚੇਰੀ ਅਤੇ ਪੱਛਮੀ ਬੰਗਾਲ ਦੀਆਂ ਪੰਜ ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਜ਼ਿਮਨੀ ਚੋਣਾਂ ਦੀਆਂ ਵੋਟਾਂ ਦੀ ਗਿਣਤੀ ਸ਼ੁਰੂ ਹੋ ਗਈ ਏ |

- ਉੱਘੇ ਅਦਾਕਾਰ NANA PATEKAR ਦਾ ਅੰਤਮ ਸੰਸਕਾਰ ਮਹਾਰਾਸ਼ਟਰ ਦੇ ਪੁਣੇ 'ਚ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।

- ਕ੍ਰਿਕਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ 20-20 ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਸ਼ਾਮੀ ਰਾਂਚੀ ਵਿੱਚ ਖੇਡਿਆ ਜਾਵੇਗਾ।

---------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**